GOVERNMENT OF WESTERN AUSTRALIA

Working with Children Check

# Factsheet CAT08
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 8: ਡਿਟੈਂਸ਼ਨ ਸੈਂਟਰ (ਨਜ਼ਰਬੰਦੀ ਕੇਂਦਰ)

Punjabi | ਪੰਜਾਬੀ

ਇੱਕ ਨਜ਼ਰਬੰਦੀ ਕੇਂਦਰ, ਜਿਵੇਂ ਕਿ *ਯੰਗ ਔਫੈਂਡਰਜ਼ (ਯੁਵਾ ਅਪਰਾਧੀ) ਐਕਟ 1994* ਸੈਕਸ਼ਨ 3 ਵਿੱਚ ਪਰਿਭਾਸ਼ਿਤ ਕੀਤਾ ਗਿਆ ਹੈ। ਇਸ ਸ਼੍ਰੇਣੀ ਵਿੱਚ ਬੈਂਕਸੀਆ ਹਿੱਲ ਡਿਟੈਂਸ਼ਨ ਸੈਂਟਰ ਸ਼ਾਮਲ ਹੈ।

ਜੋ ਲੋਕ ਨਿਆਂ ਪ੍ਰਣਾਲੀ ਵਿਚੋਂ ਗੁਜ਼ਰਨ ਵਾਲੇ ਬੱਚਿਆਂ ਨੂੰ ਕਾਉਂਸਲਿੰਗ/ਸਹਾਇਤਾ ਪ੍ਰਦਾਨ ਕਰਦੇ ਹਨ ਉਹਨਾਂ ਨੂੰ ਸ਼੍ਰੇਣੀ 10 ਦੇ ਅਧੀਨ ਬੱਚਿਆਂ ਨਾਲ ਸੰਬੰਧਿਤ ਕੰਮ ਕਰਨ ਵਿੱਚ ਮੰਨਿਆ ਜਾਵੇਗਾ: ਕਾਉਂਸਲਿੰਗ ਜਾਂ ਹੋਰ ਸਹਾਇਤਾ ਸੇਵਾ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਯੁਵਾ ਨਜ਼ਰਬੰਦੀ ਕੇਂਦਰ ਵਿੱਚ ਗਰੁੱਪ ਵਰਕਰ
- ਅਧਿਆਪਕ, ਸਲਾਹਕਾਰ, ਮੈਡੀਕਲ ਅਫ਼ਸਰ ਅਤੇ ਹੋਰ ਲੋਕ ਜੋ ਯੁਵਾ ਨਜ਼ਰਬੰਦੀ ਕੇਂਦਰ ਵਿੱਚ ਯੁਵਾਵਾਂ ਨੂੰ ਸੇਵਾਵਾਂ ਪ੍ਰਦਾਨ ਕਰਦੇ ਹਨ (ਚਾਹੇ ਨਜ਼ਰਬੰਦੀ ਕੇਂਦਰ ਦੁਆਰਾ ਨਿਯੁਕਤ ਕੀਤੇ ਗਏ ਹੋਣ ਜਾਂ ਨਾ)
- ਕਾਨੂੰਨੀ ਸਹਾਇਤਾ ਅਧਿਕਾਰੀ ਜੋ ਨਜ਼ਰਬੰਦੀ ਕੇਂਦਰ ਵਿੱਚ ਯੁਵਾਵਾਂ ਨੂੰ ਮਿਲਦੇ ਹਨ
- ਮਾਲੀ, ਸਫ਼ਾਈ ਸੇਵਕ, ਅਤੇ ਰਸੋਈਏ ਜੋ ਯੁਵਾ ਨਜ਼ਰਬੰਦੀ ਕੇਂਦਰ ਵਿੱਚ ਕੰਮ ਕਰਦੇ ਹਨ, ਅਤੇ 18 ਸਾਲ ਤੋਂ ਵੱਧ ਉਮਰ ਦੇ ਪਲੇਸਮੈਂਟ ਕਰ ਰਹੇ ਵਿਦਿਆਰਥੀ, ਜੋ ਉਦੋਂ ਆਪਣਾ ਕੰਮ ਕਰਦੇ ਹਨ ਜਦੋਂ ਬੱਚਿਆਂ ਦੇ ਮੌਜੂਦ ਹੋਣ ਦੀ ਸੰਭਾਵਨਾ ਹੈ ਅਤੇ ਉਹਨਾਂ ਦੀਆਂ ਆਮ ਡਿਊਟੀਆਂ ਦੇ ਹਿੱਸੇ ਵਜੋਂ ਬੱਚੇ ਨਾਲ ਸੰਪਰਕ ਕਰਦੇ ਹਨ।

**ਛੋਟਾਂ**

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- 18 ਸਾਲ ਤੋਂ ਘੱਟ ਉਮਰ ਦੇ ਬਾਲ **ਵਾਲੰਟੀਅਰ (volunteers)**
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**
- ਪੁਲਿਸ ਅਧਿਕਾਰੀ ਜੋ WA ਪੁਲਿਸ ਮੈਂਬਰ ਵਜੋਂ ਕੰਮ ਕਰਦੇ ਹਨ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।